ਮਲਾਰ ਮਹਲਾ ੧ ॥ ਸਾਚੀ ਸੁਰਤਿ ਨਾਮਿ ਨਹੀ ਤ੍ਰਿਪਤੇ ਹਉਮੈ ਕਰਤ ਗਵਾਇਆ ॥ ਪਰ ਧਨ ਪਰ ਨਾਰੀ ਰਤੁ ਨਿੰਦਾ ਬਿਖੁ ਖਾਈ ਦੁਖੁ ਪਾਇਆ ॥ ਸਬਦੁ ਚੀਨਿ ਭੈ ਕਪਟ ਨਛੂਟੇ ਮਨਿ ਮੁਖਿ ਮਾਇਆ ਮਾਇਆ ॥ ਅਜਗਰਿ ਭਾਰਿ ਲਦੇ ਅਤਿ ਭਾਰੀ ਮਰਿ ਜਨਮੇ ਜਨਮੁ ਗਵਾਇਆ ॥ ੧॥ ਮਨਿ ਭਾਵੈ ਸਬਦੁ ਸੁਹਾਇਆ ॥ ਭ੍ਰਮਿ ਭ੍ਰਮਿ ਜੋਨਿ ਭੇਖ ਬਹੁ ਕੀਨ੍ਹੇ ਗੁਰਿ ਰਾਖੇ ਸਚੁ ਪਾਇਆ ॥ ੧॥ ਰਹਾਉ ॥ ਤੀਰਥਿ ਤੇਜੁ ਨਿਵਾਰਿ ਨ ਨ੍ਹਾਤੇ ਹਰਿ ਕਾ ਨਾਮੁ ਨ ਭਾਇਆ ॥ ਰਤਨ ਪਦਾਰਥੁ ਪਰਹਰਿ ਤਿਆਗਿਆ ਜਤ ਕੋ ਤਤ ਹੀ ਆਇਆ ॥ ਬਿਸਟਾ ਕੀਟ ਭਏ ਉਤ ਹੀ ਤੇ ਉਤ ਹੀ ਮਾਹਿ ਸਮਾਇਆ ॥ ਅਧਿਕ ਸੁਆਦ ਰੋਗ ਅਧਿਕਾਈ ਬਿਨੁ ਗੁਰ ਸਹਜੁ ਨ ਪਾਇਆ ॥ ੨॥ ਸੇਵਾ ਸੁਰਤਿ ਰਹਸਿ ਗੁਣ ਗਾਵਾ ਗੁਰਮੁਖਿ ਗਿਆਨੁ ਬੀਚਾਰਾ ॥ ਖੋਜੀ ਉਪਜੈ ਬਾਦੀ ਬਿਨਸੈ ਹਉ ਬਲਿ ਬਲਿ ਗੁਰ ਕਰਤਾਰਾ ॥ ਹਮ ਨੀਚ ਹੋਤੇ ਹੀਣਮਤਿ ਝੂਠੇ ਤੂ ਸਬਦਿ ਸਵਾਰਣਹਾਰਾ ॥ ਆਤਮ ਚੀਨਿ ਤਹਾ ਤੂ ਤਾਰਣ ਸਚੁ ਤਾਰੇ ਤਾਰਣਹਾਰਾ ॥੩॥ ਬੈਸਿ ਸੁਥਾਨਿ ਕਹਾਂ ਗੁਣ ਤੇਰੇ ਕਿਆ ਕਿਆ ਕਥਉ ਅਪਾਰਾ ॥ ਅਲਖੁ ਨ ਲਖੀਐ ਅਗਮੁ ਅਜੋਨੀ ਤੂੰ ਨਾਥਾਂ ਨਾਥਣਹਾਰਾ ॥ ਕਿਸੁ ਪਹਿ ਦੇਖਿ ਕਹਉ ਤੂ ਕੈਸਾ ਸਭਿ ਜਾਚਕ ਤੂ ਦਾਤਾਰਾ ॥ ਭਗਤਿਹੀਣੁ ਨਾਨਕੁ ਦਰਿ ਦੇਖਹੁ ਇਕੁ ਨਾਮੁ ਮਿਲੈ ਉਰਿ ਧਾਰਾ ॥੪॥੩॥ {ਪੰਨਾ 1255}

ਪਦ ਅਰਥ:- ਸਾਚੀ—ਸਦਾ ਕਾਇਮ ਰਹਿਣ ਵਾਲੀ, ਟਿੱਕਵੀਂ, ਅਡੋਲ। ਨਾਮਿ—ਨਾਮ ਵਿਚ। ਤ੍ਰਿਪਤੇ—ਮਾਇਆ ਦੀ ਤ੍ਰਿਸ਼ਨਾ ਵਲੋਂ ਪਰਤੇ। ਹਉਮੈ—ਹਉ ਹਉ, ਮੈਂ ਮੈਂ (ਮੈਂ ਵੱਡਾ ਬਣਾਂ ਮੈਂ ਵੱਡਾ ਬਣਾਂ—ਇਹ ਖ਼ਿਆਲ)। ਰਤੁ—ਰੱਤਾ ਹੋਇਆ, ਮਸਤ। ਬਿਖੁ—ਜ਼ਹਰ। ਚੀਨਿ—ਪਛਾਣ ਕੇ, ਸਮਝ ਕੇ। ਮਨਿ—ਮਨ ਵਿਚ। ਮੁਖਿ—ਮੂੰਹ ਵਿਚ। ਅਜਗਰਿ—ਅਜਗਰ ਵਿਚ। ਭਾਰਿ—ਭਾਰ ਹੇਠ। ਅਜਗਰਿ ਭਾਰਿ—ਬਹੁਤ ਵੱਡੇ ਭਾਰ ਹੇਠ।1।

ਮਨਿ—ਮਨ ਵਿਚ। ਭਾਵੈ—ਚੰਗਾ ਲੱਗਦਾ ਹੈ। ਸੁਹਾਇਆ—ਸੋਹਣਾ ਹੋ ਗਿਆ। ਭ੍ਰਮਿ ਭ੍ਰਮਿ—ਭਟਕ ਭਟਕ ਕੇ। ਗੁਰਿ—ਗੁਰੂ ਨੇ।1। ਰਹਾਉ।

ਤੀਰਥਿ—ਤੀਰਥ ਉੱਤੇ। ਤੇਜੁ—ਕ੍ਰੋਧ। ਨਿਵਾਰਿ—ਦੂਰ ਕਰ ਕੇ। ਭਾਇਆ—ਚੰਗਾ ਲੱਗਾ। ਪਰਹਰਿ—ਦੂਰ ਕਰ ਕੇ। ਜਤ—ਜਿਸ ਪਾਸੇ ਵਲੋਂ। ਤਤ—ਉਸੇ ਪਾਸੇ। ਉਤ ਹੀ ਤੇ—ਉਸੇ ਕਾਰਨ ਤੋਂ, ਉਸੇ ਕਾਰਨ। ਕੀਟ—ਕੀੜੇ। ਅਧਿਕਾਈ—ਬਹੁਤ। ਸਹਜੁ—ਅਡੋਲ ਅਵਸਥਾ।2।

ਰਹਸਿ—ਰਹਸ ਵਿਚ, ਪੂਰਨ ਖਿੜਾਉ ਵਿਚ। ਗਾਵਾ—ਗਾਵਾਂ, ਮੈਂ ਗਾਵਾਂ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਗਿਆਨੁ—ਪਰਮਾਤਮਾ ਨਾਲ ਡੂੰਘੀ ਸਾਂਝ। ਬੀਚਾਰਾ—ਮੈਂ ਵਿਚਾਰ ਕਰਾਂ। ਖੋਜੀ—ਖੋਜ ਕਰਨ ਵਾਲਾ। ਉਪਜੈ—ਜੰਮ ਪੈਂਦਾ ਹੈ, ਆਤਮਕ ਜੀਵਨ ਵਿਚ ਜੰਮ ਪੈਂਦਾ ਹੈ। ਬਾਦੀ—ਝਗੜਾਲੂ। ਬਿਨਸੈ—ਆਤਮਕ ਮੌਤੇ ਮਰਦਾ ਹੈ। ਹਉ—ਮੈਂ। ਬਲਿ—ਬਲਿਹਾਰ, ਕੁਰਬਾਨ। ਗੁਰ ਕਰਤਾਰਾ—ਹੇ ਗੁਰੂ! ਹੇ ਕਰਤਾਰ! ਹੋਤੇ—ਸਾਂ, ਹੁੰਦੇ ਸਾਂ (ਨੋਟ:- ਅੱਖਰ 'ਹ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਹੋਤੇ' ਹੈ, ਇਥੇ 'ਹੁਤੇ' ਪੜ੍ਹਨਾ ਹੈ)। ਹੀਣ ਮਤਿ—ਮਤਿ ਹੀਣ, ਮੂਰਖ। ਆਤਮ—ਆਤਮਾ, ਆਪਣਾ ਆਪ।3।

ਬੈਸਿ—ਬੈਠ ਕੇ, ਟਿੱਕ ਕੇ। ਸੁ ਥਾਨਿ—ਸ੍ਰੇਸ਼ਟ ਥਾਂ ਵਿਚ, ਸਤਸੰਗ ਵਿਚ। ਕਹਾਂ—ਮੈਂ ਆਖਾਂ। ਕਿਆ ਕਿਆ—ਕੇਹੜੇ ਕੇਹੜੇ? ਕਥਉ—ਮੈਂ ਕਹਿ ਸਕਦਾ ਹਾਂ। ਨਾਥਣਹਾਰਾ—ਨੱਥ ਕੇ ਰੱਖਣ ਵਾਲਾ, ਆਪਣੇ ਵੱਸ ਵਿਚ ਰੱਖਣ ਵਾਲਾ। ਕਿਸੁ ਪਹਿ ਕਹਉ—ਕਿਸ ਦੇ ਪਾਸ ਮੈਂ ਆਖਾਂ? ਦੇਖਿ—ਵੇਖ ਕੇ। ਸਭਿ—ਸਾਰੇ। ਜਾਚਕੁ—ਮੰਗਤੇ। ਹੀਣੁ—ਸੱਖਣਾ, ਖ਼ਾਲੀ। ਦਰਿ—ਦਰ ਤੇ। ਦੇਖਹੁ—ਧਿਆਨ ਕਰੋ, ਮਿਹਰ ਦੀ ਨਿਗਾਹ ਕਰੋ। ਉਰਿ—ਹਿਰਦੇ ਵਿਚ। ਧਾਰਾ—ਧਾਰਾਂ, ਮੈਂ ਟਿਕਾ ਰੱਖਾਂ।4।

ਅਰਥ:- ਜਿਨ੍ਹਾਂ ਦੇ ਮਨ ਵਿਚ (ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ) ਬਾਣੀ ਪਿਆਰੀ ਲੱਗਦੀ ਹੈ ਉਹਨਾਂ ਦਾ ਜੀਵਨ ਸੋਹਣਾ ਬਣ ਜਾਂਦਾ ਹੈ। (ਪਰ ਸਿਫ਼ਤਿ-ਸਾਲਾਹ ਵਾਲੀ ਬਾਣੀ ਤੋਂ ਖੁੰਝ ਕੇ) ਅਨੇਕਾਂ ਜੂਨਾਂ ਵਿਚ ਭਟਕ ਭਟਕ ਕੇ ਅਨੇਕਾਂ ਜੂਨਾਂ ਦੇ ਭੇਖ ਧਾਰਦੇ ਰਹੇ (ਭਾਵ, ਜਨਮ ਲੈਂਦੇ ਰਹੇ)। ਜਿਨ੍ਹਾਂ ਦੀ ਰਖਿਆ ਗੁਰੂ ਨੇ ਕੀਤੀ, ਉਹਨਾਂ ਨੂੰ ਸਦਾ ਕਾਇਮ ਰਹਿਣ ਵਾਲਾ ਰੱਬ ਮਿਲ ਪਿਆ।1। ਰਹਾਉ।

ਜਿਨ੍ਹਾਂ ਦੀ ਸੁਰਤਿ ਅਡੋਲ ਹੋ ਕੇ ਪ੍ਰਭੂ ਦੇ ਨਾਮ ਵਿਚ ਨਹੀਂ ਜੁੜੀ, ਉਹ ਮਾਇਆ ਦੀ ਤ੍ਰਿਸ਼ਨਾ ਵਲੋਂ ਪਰਤ ਨਹੀਂ ਸਕੇ, 'ਮੈਂ ਵੱਡਾ ਬਣ ਜਾਵਾਂ, ਮੈਂ ਵੱਡਾ ਬਣ ਜਾਵਾਂ'—ਇਹ ਆਖ ਆਖ ਕੇ ਉਹਨਾਂ ਆਪਣਾ ਜੀਵਨ ਗਵਾ ਲਿਆ। ਉਹਨਾਂ ਦਾ ਮਨ ਪਰਾਏ ਧਨ ਪਰਾਈ ਇਸਤ੍ਰੀ ਤੇ ਪਰਾਈ ਨਿੰਦਿਆ ਵਿਚ ਮਸਤ ਰਿਹਾ ਹੈ, ਉਹ (ਸਦਾ ਪਰ ਧਨ ਪਰ ਨਾਰੀ ਪਰ ਨਿੰਦਾ ਦੀ) ਜ਼ਹਰ ਖਾਂਦੇ ਰਹੇ (ਆਤਮਕ ਖ਼ੁਰਾਕ ਬਣਾਈ ਰੱਖੀ), ਤੇ ਦੁੱਖ ਹੀ ਸਹੇੜਦੇ ਰਹੇ। ਸਿਫ਼ਤਿ-ਸਾਲਾਹ ਦੀ ਬਾਣੀ ਨੂੰ ਵਿਚਾਰ ਕੇ ਉਹਨਾਂ ਦੇ ਦੁਨੀਆ ਵਾਲੇ ਡਰ ਤੇ ਛਲ ਨਾਹ ਮੁੱਕੇ, ਉਹਨਾਂ ਦੇ ਮਨ ਵਿਚ ਭੀ ਮਾਇਆ (ਦੀ ਲਗਨ) ਹੀ ਰਹੀ, ਉਹਨਾਂ ਦੇ ਮੂੰਹ ਵਿਚ ਭੀ ਮਾਇਆ (ਦੀ ਦੰਦ-ਕਥਾ) ਹੀ ਰਹੀ। ਉਹ ਸਦਾ (ਮਾਇਆ ਦੇ ਮੋਹ ਦੇ) ਬੇਅੰਤ ਵੱਡੇ ਭਾਰ ਹੇਠ ਲੱਦੇ ਰਹੇ, ਜਨਮ ਮਰਨ ਦੇ ਗੇੜ ਵਿਚ ਪੈ ਕੇ ਉਹਨਾਂ ਜੀਵਨ ਅਜਾਈਂ ਗਵਾ ਲਿਆ।1।

ਕ੍ਰੋਧ ਦੂਰ ਕਰ ਕੇ ਉਹਨਾਂ ਆਤਮ-ਤੀਰਥ ਉਤੇ ਇਸ਼ਨਾਨ ਨਾਹ ਕੀਤਾ, ਉਹਨਾਂ ਨੂੰ ਪਰਮਾਤਮਾ ਦਾ ਨਾਮ ਪਿਆਰਾ ਨਾਹ ਲੱਗਾ, (ਤ੍ਰਿਸ਼ਨਾ-ਅਧੀਨ ਰਹਿ ਕੇ) ਉਹਨਾਂ ਪ੍ਰਭੂ ਦਾ ਅਮੋਲਕ ਨਾਮ ਸਦਾ ਲਈ ਤਿਆਗ ਦਿੱਤਾ, ਜਿਸ ਚੌਰਾਸੀ ਵਿਚੋਂ ਨਿਕਲ ਕੇ ਮਨੁੱਖਾ ਜਨਮ ਵਿਚ ਆਏ ਸਨ, ਉਸੇ ਚੌਰਾਸੀ ਵਿਚ ਮੁੜ ਚਲੇ ਗਏ, ਜਿਵੇਂ ਵਿਸ਼ਟੇ ਦੇ ਕੀੜੇ ਵਿਸ਼ਟੇ ਵਿਚੋਂ ਜੰਮਦੇ ਹਨ, ਤੇ ਵਿਸ਼ਟੇ ਵਿਚ ਹੀ ਮੁੜ ਮਰ ਜਾਂਦੇ ਹਨ। (ਵਿਸ਼ੇ ਵਿਕਾਰਾਂ ਦੇ) ਜਿਤਨੇ ਹੀ ਵਧੀਕ ਸੁਆਦ ਉਹ ਮਾਣਦੇ ਗਏ, ਉਤਨੇ ਹੀ ਵਧੀਕ ਰੋਗ ਉਹਨਾਂ ਨੂੰ ਵਿਆਪਦੇ ਗਏ। ਗੁਰੂ ਦੀ ਸਰਨ ਨਾਹ ਆਉਣ ਕਰ ਕੇ ਉਹਨਾਂ ਨੂੰ ਸ਼ਾਂਤ ਅਵਸਥਾ ਹਾਸਲ ਨਾਹ ਹੋਈ।2।

ਹੇ ਮੇਰੇ ਗੁਰੂ! ਹੇ ਮੇਰੇ ਕਰਤਾਰ! ਮੈਂ ਤੈਥੋਂ ਕੁਰਬਾਨ ਜਾਂਦਾ ਹਾਂ, (ਮਿਹਰ ਕਰ) ਮੇਰੀ ਸੁਰਤਿ ਤੇਰੀ ਸੇਵਾ (-ਭਗਤੀ) ਵਿਚ ਟਿਕੀ ਰਹੇ, ਪੂਰਨ ਆਨੰਦ ਵਿਚ ਟਿੱਕ ਕੇ ਮੈਂ ਤੇਰੇ ਗੁਣ ਗਾਂਦਾ ਰਹਾਂ; ਗੁਰੂ ਦੀ ਸਰਨ ਪੈ ਕੇ ਮੈਂ ਸਦਾ ਇਹ ਵਿਚਾਰ ਕਰਦਾ ਰਹਾਂ ਕਿ ਤੇਰੇ ਨਾਲ ਮੇਰੀ ਡੂੰਘੀ ਸਾਂਝ ਬਣੀ ਰਹੇ। (ਤੇਰੇ ਨਾਲ ਡੂੰਘੀ ਜਾਣ ਪਛਾਣ ਦੇ ਜਤਨ) ਖੋਜਣ ਵਾਲਾ ਮਨੁੱਖ ਆਤਮਕ ਜੀਵਨ ਵਿਚ ਜਨਮ ਲੈ ਲੈਂਦਾ ਹੈ, ਪਰ (ਨਿੱਤ ਮਾਇਆ ਦੇ) ਝਗੜੇ ਕਰਨ ਵਾਲਾ ਜੀਵ ਆਤਮਕ ਮੌਤੇ ਮਰ ਜਾਂਦਾ ਹੈ।

ਹੇ ਪ੍ਰਭੂ! ਅਸੀਂ (ਤ੍ਰਿਸ਼ਨਾ ਵਿਚ ਫਸ ਕੇ ਬੜੇ) ਨੀਵੇਂ ਜੀਵਨ ਵਾਲੇ ਹੋ ਚੁਕੇ ਹਾਂ, ਅਸੀਂ ਮੂਰਖ ਹਾਂ, ਅਸੀਂ ਝੂਠੇ ਪਦਾਰਥਾਂ ਵਿਚ ਫਸੇ ਪਏ ਹਾਂ; ਪਰ ਤੂੰ (ਆਪਣੀ ਸਿਫ਼ਤਿ-ਸਾਲਾਹ ਦੀ) ਬਾਣੀ ਵਿਚ (ਜੋੜ ਕੇ) ਸਾਡਾ ਜੀਵਨ ਸਵਾਰਨ ਦੇ ਸਮਰੱਥ ਹੈਂ। ਜਿਥੇ ਆਪੇ ਦੀ ਵਿਚਾਰ ਹੁੰਦੀ ਹੈ, ਉਥੇ ਤੂੰ (ਸੰਸਾਰ-ਸਮੁੰਦਰ ਦੀਆਂ ਵਿਕਾਰ-ਲਹਿਰਾਂ ਤੋਂ) ਬਚਾਣ ਲਈ ਆ ਬਹੁੜਦਾ ਹੈਂ। ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਤਾਰਨ ਦੇ ਸਮਰੱਥ ਹੈਂ, (ਸਾਨੂੰ) ਤਾਰ ਲੈ।3।

(ਹੇ ਪ੍ਰਭੂ! ਮਿਹਰ ਕਰ) ਸਤਸੰਗ ਵਿਚ ਟਿੱਕ ਕੇ ਮੈਂ ਤੇਰੇ ਗੁਣ ਗਾਂਦਾ ਰਹਾਂ। ਪਰ ਤੂੰ ਬੇਅੰਤ ਹੈਂ, ਤੇਰੇ ਸਾਰੇ ਗੁਣ ਮੈਂ ਬਿਆਨ ਨਹੀਂ ਕਰ ਸਕਦਾ। ਤੂੰ ਅਲੱਖ ਹੈਂ, ਤੂੰ ਬਿਆਨ ਤੋਂ ਪਰੇ ਹੈਂ, ਤੂੰ ਅਪਹੁੰਚ ਹੈਂ, ਤੂੰ ਜੂਨਾਂ ਤੋਂ ਰਹਿਤ ਹੈਂ। ਤੂੰ (ਵੱਡੇ ਵੱਡੇ) ਨਾਥ ਅਖਵਾਣ ਵਾਲਿਆਂ ਨੂੰ ਭੀ ਆਪਣੇ ਵੱਸ ਵਿਚ ਰੱਖਣ ਵਾਲਾ ਹੈਂ।

(ਹੇ ਪ੍ਰਭੂ! ਤੇਰੀ ਰਚਨਾ ਨੂੰ) ਵੇਖ ਕੇ ਮੈਂ ਕਿਸੇ ਅੱਗੇ ਇਹ ਆਖਣ ਜੋਗਾ ਨਹੀਂ ਹਾਂ ਕਿ ਤੂੰ ਕਿਹੋ ਜਿਹਾ ਹੈਂ (ਭਾਵ, ਸਾਰੇ ਸੰਸਾਰ ਵਿਚ ਤੇਰੇ ਵਰਗਾ ਕੋਈ ਨਹੀਂ ਹੈ)। ਸਾਰੇ ਜੀਵ (ਤੇਰੇ ਦਰ ਦੇ) ਮੰਗਤੇ ਹਨ, ਤੂੰ ਸਭ ਨੂੰ ਦਾਤਾਂ ਦੇਣ ਵਾਲਾ ਹੈਂ। (ਹੇ ਪ੍ਰਭੂ!) ਤੇਰੀ ਭਗਤੀ ਤੋਂ ਖੁੰਝਿਆ ਹੋਇਆ (ਤੇਰਾ ਦਾਸ) ਨਾਨਕ (ਤੇਰੇ) ਦਰ ਤੇ (ਆ ਡਿੱਗਾ ਹੈ, ਇਸ ਉਤੇ) ਮਿਹਰ ਦੀ ਨਿਗਾਹ ਕਰ। (ਹੇ ਪ੍ਰਭੂ!) ਮੈਨੂੰ ਤੇਰਾ ਨਾਮ ਮਿਲ ਜਾਏ, ਮੈਂ (ਇਸ ਨਾਮ ਨੂੰ ਆਪਣੇ) ਸੀਨੇ ਵਿਚ ਪ੍ਰੋ ਰੱਖਾਂ।4।3।